# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰਾਜਸਥਾਨ ਅਤੇ ਹਰਿਆਣਾ ਦੇ ਦੌਰੇ 'ਤੇ ਹੋਣਗੇ -ਉਹ ,ਜੈਪੁਰ ਪ੍ਰਦਰਸ਼ਨੀ ਅਤੇ 'ਰਾਈਜ਼ਿੰਗ ਰਾਜਸਥਾਨ' ਆਲਮੀ ਸਿਖਰ ਸੰਮੇਲਨ-2024 ਦਾ ਕਰਨਗੇ ਉਦਘਾਟਨ ।
- ਪੰਜਾਬ ਵਿੱਚ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ, ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ, 21 ਦਸੰਬਰ ਨੂੰ ਹੋਣਗੀਆਂ -ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਹੋਇਆ ਲਾਗੂ।
- ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਦੇ ਅਮਲ ਨਾਲ, ਸਜ਼ਾ ਤੋਂ ਨਿਆਂ ਤੱਕ ਦਾ ਸਫ਼ਰ ਤੈਅ ਕਰਕੇ, ਚੰਡੀਗੜ੍ਹ, ਭਾਰਤ ਦੇ ਵਿਕਾਸ ਵਿੱਚ

ਯੋਗਦਾਨ ਪਾਉਣ ਵਾਲੇ ਪਹਿਲੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸ਼ੁਮਾਰ ਹੋਇਆ।

- ਆਸਟਰੇਲੀਆ ਨੇ ਬਾਰਡਰ-ਗਾਵਸਕਰ ਕ੍ਰਿਕਟ ਟਰਾਫੀ ਦੇ ਦੂਜੇ ਟੈਸਟ ਵਿੱਚ, ਭਾਰਤ ਨੂੰ 10 ਵਿਕਟਾਂ ਨਾਲ ਹਰਾਇਆ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰਾਜਸਥਾਨ ਅਤੇ ਹਰਿਆਣਾ ਦਾ ਦੌਰਾ ਕਰਨਗੇ। ਰਾਜਸਥਾਨ ਵਿੱਚ, ਪ੍ਰਧਾਨ ਮੰਤਰੀ ਜੈਪੁਰ ਪ੍ਰਦਰਸ਼ਨੀ ਅਤੇ ਕਾਨਫਰੰਸ ਕੇਂਦਰ ਵਿੱਚ 'ਰਾਈਜ਼ਿੰਗ ਰਾਜਸਥਾਨ' ਆਲਮੀ ਸਿਖਰ ਸੰਮੇਲਨ-2024 ਦਾ ਉਦਘਾਟਨ ਕਰਨਗੇ। ਇਸ ਮੌਕੇ ਸ਼੍ਰੀ ਮੋਦੀ ਉੱਥੇ ਮੌਜੂਦ ਲੋਕਾਂ ਨੂੰ ਸੰਬੋਧਨ ਵੀ ਕਰਨਗੇ। ਦੁਪਹਿਰ ਨੂੰ ਪ੍ਰਧਾਨ ਮੰਤਰੀ, ਪਾਣੀਪਤ ਵਿੱਚ ਬੀਮਾ ਸਖੀ ਯੋਜਨਾ ਦੀ ਸ਼ੁਰੂਆਤ ਕਰਨਗੇ। ਇਹ ਯੋਜਨਾ 18 ਤੋਂ 70 ਸਾਲ ਦੀ ਉਮਰ ਦੀਆਂ ਔਰਤਾਂ ਨੂੰ ਸਸ਼ਕਤ ਕਰਨ ਲਈ ਏ ਜੋ 10ਵੀਂ ਜਮਾਤ ਪਾਸ ਕਰ ਚੁੱਕੀਆਂ ਨੇ। ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ, ਹਰਿਆਣਾ ਦੇ ਕਰਨਾਲ ਵਿੱਚ ਮਹਾਰਾਣਾ ਪ੍ਰਤਾਪ ਬਾਗਬਾਨੀ ਯੂਨੀਵਰਸਿਟੀ ਦੇ ਮੁੱਖ ਕੈਂਪਸ ਦਾ ਨੀਂਹ ਪੱਥਰ ਵੀ

ਰੱਖਣਗੇ। ਯੂਨੀਵਰਸਿਟੀ ਕੋਲ ਅੰਡਰ-ਗਰੈਜੂਏਟ ਅਤੇ ਪੋਸਟ ਗ੍ਰੈਜੂਏਟ ਪੜ੍ਹਾਈ ਲਈ, ਇੱਕ ਬਾਗਬਾਨੀ ਕਾਲਜ ਅਤੇ ਬਾਗਬਾਨੀ ਦੇ 10 ਵਿਸ਼ਿਆਂ ਨੂੰ ਕਵਰ ਕਰਨ ਵਾਲੇ ਪੰਜ ਸਕੂਲ ਹੋਣਗੇ।

-----------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ ਵੱਖ-ਵੱਖ ਨਗਰ ਨਿਗਮਾਂ, ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਕਰਵਾਉਣ ਲਈ ਚੋਣ ਪ੍ਰੋਗਰਾਮ ਦਾ ਐਲਾਨ ਕੀਤਾ ਏ। ਚੰਡੀਗੜ੍ਹ ਵਿਚ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਚੋਣ ਪ੍ਰੋਗਰਾਮ ਦੇ ਐਲਾਨ ਦੇ ਨਾਲ ਹੀ, ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ ਨਗਰ ਨਿਗਮਾਂ ਦੇ ਅਧਿਕਾਰ ਖੇਤਰ 'ਚ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਏ , ਜੋ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ । ਉਨ੍ਹਾਂ ਦੱਸਿਆ ਕਿ ਵੋਟਾਂ ਸਵੇਰੇ 7 ਤੋਂ ਸ਼ਾਮ 4 ਵਜੇ ਤੱਕ, ਈ.ਵੀ.ਐਮਜ਼. ਜ਼ਰੀਏ ਪੈਣਗੀਆਂ। ਵੋਟਿੰਗ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਵੋਟਾਂ ਦੀ ਗਿਣਤੀ ਉਸੇ ਦਿਨ ਪੋਲਿੰਗ ਸਟੇਸ਼ਨ 'ਤੇ ਹੀ

ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ 37 ਲਖ 32 ਹਜ਼ਾਰ 636 ਰਜਿਸਟਰਡ ਵੋਟਰ ਨੇ , ਜਿਨ੍ਹਾਂ ਵਿੱਚ 19 ਲਖ 55 ਹਜ਼ਾਰ 888 ਮਰਦ,17 ਲਖ 76 ਹਜ਼ਾਰ 544 ਔਰਤਾਂ ਅਤੇ 204 ਹੋਰ ਸ਼ਾਮਲ ਨੇ । ਨਾਮਜ਼ਦਗੀਆਂ 9 ਦਸੰਬਰ ਤੋਂ ਭਰੀਆਂ ਜਾਣਗੀਆਂ । ਨਾਮਜ਼ਦਗੀਆਂ ਦੀ ਪੜਤਾਲ 13 ਦਸੰਬਰ ਨੂੰ ਹੋਵੇਗੀ ਅਤੇ ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ 14 ਦਸੰਬਰ ਨਿਰਧਾਰਤ ਕੀਤੀ ਗਈ ਏ। ਚੋਣ ਕਮਿਸ਼ਨਰ ਨੇ ਕਿਹਾ ਕਿ ਪੁਲਿਸ ਵਿਭਾਗ ਵੱਲੋਂ ਸੁਰੱਖਿਆ ਦੇ ਲੋੜੀਂਦੇ ਪ੍ਰਬੰਧ ਕੀਤੇ ਗਏ ਨੇ। ਕੁੱਲ 1609 ਪੋਲਿੰਗ ਥਾਵਾਂ 'ਤੇ 3 ਹਜ਼ਾਰ 809 ਪੋਲਿੰਗ ਬੂਥ ਨੇ । 344 ਪੋਲਿੰਗ ਸਥਾਨਾਂ ਦੀ ਪਛਾਣ ਅਤਿ ਸੰਵੇਦਨਸ਼ੀਲ ਅਤੇ 665 ਪੋਲਿੰਗ ਸਥਾਨਾਂ ਦੀ ਪਛਾਣ ਸੰਵੇਦਨਸ਼ੀਲ ਵਜੋਂ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਜ਼ਿਲ੍ਹਿਆਂ ਵਿੱਚ ਪੁਲਿਸ ਵਿਭਾਗ ਦੇ ਕੁੱਲ 21 ਹਜ਼ਾਰ 500 ਜਵਾਨ ਅਤੇ ਹੋਮ ਗਾਰਡ ਜਵਾਨਾਂ ਨੂੰ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਨਾਮਜ਼ਦਗੀ ਫਾਰਮ 20 ਅਤੇ ਹਲਫ਼ੀਆ ਬਿਆਨ ਦਾ ਨਮੂਨਾ ਕਮਿਸ਼ਨ

ਦੀ ਵੈੱਬਸਾਈਟ sec.punjab.gov.in 'ਤੇ ਡਾਊਨਲੋਡ ਕਰਨ ਲਈ ਉਪਲਬਧ ਕਰਾਇਆ ਗਿਆ ਏ ਅਤੇ ਕਮਿਸ਼ਨ ਨੇ ਨਿਰਪੱਖ, ਆਜ਼ਾਦ ਅਤੇ ਸ਼ਾਂਤੀਪੂਰਨ ਢੰਗ ਨਾਲ ਚੋਣਾਂ ਕਰਵਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਨੇ।

---------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਉਪਰਾਲਿਆਂ ਸਦਕਾ, ਰਸ਼ੀਆ ਯੂਕਰੇਨ ਦੀ ਜੰਗ ਵਿੱਚੋਂ 8 ਮਹੀਨਿਆਂ ਬਾਅਦ ਪੰਜਾਬ ਪਰਤੇ ਨੌਜਵਾਨ ਰਾਕੇਸ਼ ਯਾਦਵ ਨੇ ਅੱਜ ਸੰਤ ਸੀਚੇਵਾਲ ਨਾਲ ਮੁਲਾਕਾਤ ਕਰਕੇ ਆਪਣੀ ਆਪ-ਬੀਤੀ ਸੁਣਾਈ। ਰਾਕੇਸ਼ ਯਾਦਵ ਨਾਲ ਪੰਜਾਬ, ਪੂਨੇ, ਕਸ਼ਮੀਰ ਅਤੇ ਉਤਰ ਪ੍ਰਦੇਸ਼ ਦੇ ਰਹਿਣ ਵਾਲੇ 5 ਹੋਰ ਪਰਿਵਾਰ ਵੀ ਮੁਲਾਕਾਤ ਲਈ ਆਏ ਸਨ। ਨਿਰਮਲ ਕੁਟੀਆ ਪਹੁੰਚੇ ਇਹਨਾਂ ਪਰਿਵਾਰਾਂ ਨੇ ਸੰਤ ਸੀਚੇਵਾਲ ਨੂੰ ਮੰਗ ਪੱਤਰ ਸੌਂਪਦਿਆ, ਰੂਸੀ ਫੋਜ ਵਿੱਚ ਫਸੇ ਆਪਣੇ ਬੱਚਿਆਂ ਦੀ ਵਾਪਸੀ ਲਈ ਮਦੱਦ ਦੀ ਗੁਹਾਰ ਲਾਈ। ਪੀੜਤ ਪਰਿਵਾਰਾਂ ਨੇ ਨਮ ਅੱਖਾਂ ਨਾਲ ਦੱਸਿਆ ਕਿ ਏਜੇਂਟਾਂ ਵਲੋਂ ਬਾਹਰ ਭੇਜੇ ਗਏ ਉਹਨਾਂ ਦੇ ਬੱਚਿਆਂ ਬਾਰੇ ਓਹਨਾ ਨੂੰ ਕੋਈ ਜਾਣਕਾਰੀ

ਨਹੀਂ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਸੰਤ ਸੀਚੇਵਾਲ ਨੇ, ਭਾਰਤ ਸਰਕਾਰ ਤੇ ਖਾਸਕਰ ਵਿਦੇਸ਼ ਮੰਤਰੀ ਜੈਸ਼ੰਕਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੰਬੰਧੀ, ਉਹਨਾਂ ਦੇ ਧਿਆਨ ਵਿੱਚ ਪਹਿਲਾ ਮਾਮਲਾ ਇਸ ਸਾਲ ਮਾਰਚ ਦੌਰਾਨ, ਪੰਜਾਬ ਦੇ ਰਹਿਣ ਵਾਲੇ ਇਕ ਨੌਜਵਾਨ ਤੇ ਰੂਸੀ ਫੌਜ ਵਿੱਚ ਫਸੇ, ਉਸਦੇ 8 ਹੋਰ ਸਾਥੀਆਂ ਦਾ ਆਇਆ ਸੀ। ਜੋ ਵਿਦੇਸ਼ ਮੰਤਰਾਲੇ ਦੇ ਸਹਿਯੋਗ ਨਾਲ ਅਗਸਤ-ਸਤੰਬਰ ਮਹੀਨੇ ਦੌਰਾਨ ਵਾਪਿਸ ਆਏ ਗਏ ਸਨ। ਉਹਨਾਂ ਭਾਰਤ ਸਰਾਕਰ ਤੇ ਵਿਦੇਸ਼ ਮੰਤਰਾਲੇ ਕੋਲੋਂ, ਬਾਕੀ ਰਹਿੰਦੇ ਭਾਰਤੀਆਂ ਨੂੰ ਜਲਦ ਤੋਂ ਜਲਦ ਵਾਪਿਸ ਲਿਆਉਣ, ਇਸ ਗਿਰੋਹ ਵਿੱਚ ਸ਼ਾਮਿਲ ਏਜੰਟਾਂ ਤੇ ਸਖਤ ਕਾਰਵਾਈ ਕਰਨ ਅਤੇ ਨੌਜਵਾਨਾਂ ਨੂੰ ਉਹਨਾਂ ਦੇ ਹੱਕ ਦੀ ਕਮਾਈ ਦਿਵਾਉਣ ਦੀ ਅਪੀਲ ਕੀਤੀ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ਾ ਮੁਕਤ-ਰੰਗਲਾ ਪੰਜਾਬ ਮੁਹਿੰਮ ਦੀ ਸ਼ੁਰੂਆਤ ਕੀਤੀ। ਬੀਤੇ ਦਿਨੀ ਉਹਨਾਂ ਕਿਹਾ ਕਿ 'ਨਸ਼ਾ ਮੁਕਤ ਭਾਰਤ ਅਭਿਆਨ' ਦੇ ਨਾਲ ਮਿਲ ਕੇ, ਇਸ ਮੁਹਿੰਮ

ਵਿਚ ਸੂਬਾ ਸਰਕਾਰਾਂ, ਵਿਦਿਅਕ ਸੰਸਥਾਵਾਂ, ਸਮਾਜ ਭਲਾਈ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਸ਼ਾਮਲ ਕਰਨ ਦੀ ਲੋੜ ਏ। ਇਹ ਠੋਸ ਯਤਨ ਸੂਬੇ ਭਰ ਵਿੱਚ ਜਾਗਰੂਕਤਾ ਮੁਹਿੰਮਾਂ, ਭਾਈਚਾਰਕ ਸ਼ਮੂਲੀਅਤ, ਅਤੇ ਜ਼ਮੀਨੀ ਪੱਧਰ ਦੇ ਪ੍ਰੋਗਰਾਮਾਂ ਰਾਹੀਂ ਨਸ਼ਿਆਂ ਦੀ ਦੁਰਵਰਤੋਂ ਨੂੰ ਹੱਲ ਕਰਨ ਵਿੱਚ ਸਹਾਈ ਹੋਵੇਗਾ। ਇਸੇ ਸਿਲਸਿਲੇ ਵਿੱਚ ਪੰਜਾਬ ਦੇ ਸਾਬਕਾ ਸੂਚਨਾ ਕਮਿਸ਼ਨਰ ਪ੍ਰਸਿੱਧ ਲੇਖਕ ਅਤੇ ਪੰਜਾਬ ਲਿਟ ਫਾਊਂਡੇਸ਼ਨ ਦੇ ਸਹਿ-ਸੰਸਥਾਪਕ ਖੁਸ਼ਵੰਤ ਸਿੰਘ ਨੇ 'ਪੀਪਲਜ਼ ਵਾਕ ਅਗੇਂਸਟ ਡਰੱਗਜ਼-2' ਦੀ ਸ਼ੁਰੂਆਤ ਕੀਤੀ । 50 ਕਿਲੋਮੀਟਰ ਲੰਬੀ 5 ਦਿਨਾਂ ਦੀ ਪੈਦਲ ਯਾਤਰਾ ਦਾ ਉਦੇਸ਼, ਪੰਜਾਬ ਵਿੱਚੋਂ ਨਸ਼ੇ ਨੂੰ ਜੜ੍ਹੋਂ ਖ਼ਤਮ ਕਰਨਾ ਏ । ਪਿੰਡ ਛਾਉਣੀ ਕਲਾਂ ਤੋਂ ਸ਼ੁਰੂ ਹੋਈ ਇਹ 'ਪੀਪਲਜ਼ ਵਾਕ' 11 ਦਸੰਬਰ ਨੂੰ, ਕਰਤਾਰਪੁਰ ਸਥਿਤ ਜੰਗ-ਏ-ਆਜ਼ਾਦੀ ਮਿਊਜ਼ੀਅਮ ਵਿਖੇ ਸਮਾਪਤ ਹੋਵੇਗੀ। ਇਸ ਵਿੱਚ ਹੋਰਨਾਂ ਤੋਂ ਇਲਾਵਾ ਸੇਵਾਮੁਕਤ ਲੈਫਟੀਨੈਂਟ ਜਨਰਲ ਕੇ.ਜੇ.ਐਸ ਅਤੇ ਹੋਰਨਾਂ ਪਿੰਡਾਂ ਦੇ ਸਰਪੰਚ ਅਤੇ ਪੰਚਾਇਤ ਮੈਂਬਰ ਸ਼ਾਮਲ ਹੋਏ। ਐਨ.ਜੀ.ਓ ਸਹਿਯੋਗ ਦੀਆਂ 100 ਕੁੜੀਆਂ ਦੇ ਸਮੂਹ ਨੇ ਹੱਥਾਂ ਵਿੱਚ ਤਖ਼ਤੀਆਂ ਲੈ ਕੇ ਨਸ਼ਾ

ਮੁਕਤ ਪੰਜਾਬ ਦੀ ਵਕਾਲਤ ਕਰਦੇ ਹੋਏ ਨਾਅਰੇ ਲਗਾਏ । ਪੈਦਲ ਯਾਤਰਾ ਦੌਰਾਨ ਜਲੰਧਰ ਦੇ ਆਰਮੀ ਰਿਕਰੂਟਮੈਂਟ ਸੈਂਟਰ ਦੇ ਸਿਪਾਹੀਆਂ ਨੇ ਵੀ ਹਿੱਸਾ ਲਿਆ। ਜ਼ਿਕਰਯੋਗ ਏ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 10 ਅਤੇ 11 ਦਸੰਬਰ ਨੂੰ ਅਲਾ-ਵਲਪੁਰ-ਕਰਤਾਰਪੁਰ ਮਾਰਗ 'ਤੇ 15 ਕਿਲੋਮੀਟਰ ਦੀ ਪੈਦਲ ਯਾਤਰਾ 'ਚ ਹਿੱਸਾ ਲੈਣਗੇ । ਉਹ ਵਿਦਿਆਰਥੀਆਂ, ਯੂਥ ਕਲੱਬਾਂ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਨ ਲਈ ਰੁਕਣਗੇ, ਜਿਸ ਦਾ ਉਦੇਸ਼ ਉਨ੍ਹਾਂ ਨੂੰ ਮੁੱਦੇ ਦੀ ਗੰਭੀਰਤਾ ਨੂੰ ਸਮਝਣਾ ਅਤੇ ਨਸ਼ਿਆਂ ਵਿਰੁੱਧ ਸਮੂਹਿਕ ਕਾਰਵਾਈ ਲਈ ਪ੍ਰੇਰਿਤ ਕਰਨਾ ਏ ।

-----------------------------------------------------------

ਚੰਡੀਗੜ੍ਹ, ਇੱਕ ਸੁਰੱਖਿਅਤ ਸਮਾਜ ਨੂੰ ਯਕੀਨੀ ਬਣਾਉਣ ਅਤੇ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਦੇ ਅਮਲ ਨਾਲ, ਸਜ਼ਾ ਤੋਂ ਨਿਆਂ ਤੱਕ ਦਾ ਸਫ਼ਰ ਤੈਅ ਕਰਕੇ, ਭਾਰਤ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਪਹਿਲੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚੋਂ ਇੱਕ ਬਣ ਗਿਆ ਏ । ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, ਅਤੇ ਭਾਰਤੀ

ਸਾਕਸ਼ਯ ਅਧਿਨਿਯਮ ਤਿੰਨ ਕਾਨੂੰਨਾਂ ਦੀ ਧਾਰਨਾ, ਬਸਤੀਵਾਦੀ ਯੁੱਗ ਦੇ ਕਾਨੂੰਨਾਂ ਨੂੰ ਹਟਾਉਣ ਬਾਰੇ ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਦ੍ਰਿਸ਼ਟੀਕੋਣ ਨਾਲ ਚਲਾਈ ਗਈ ਸੀ। ਚੰਡੀਗੜ੍ਹ ਨੇ ਪੰਜ ਮਹੀਨਿਆਂ ਦੇ ਅੰਦਰ ਇਹ ਮੀਲ ਪੱਥਰ ਹਾਸਲ ਕੀਤਾ ਏ। ਪ੍ਰਤਕਾਰਾਂ ਨੂੰ ਸੰਬੋਧਨ ਕਰਦਿਆਂ ਚੰਡੀਗੜ੍ਹ ਦੇ DGP ਸੁਰਿੰਦਰ ਯਾਦਵ ਨੇ ਕਿਹਾ ਕਿ ਇਹ ਕਾਨੂੰਨ, ਵਿਕਸਤ ਭਾਰਤ ਨੂੰ ਦਰਸਾਉਂਦੇ ਨੇ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਚੰਡੀਗੜ੍ਹ ਨੇ ਇਹਨਾਂ ਕਾਨੂੰਨਾਂ ਤਹਿਤ ਜ਼ਿਕਰ ਕੀਤੇ ਉਪਬੰਧਾਂ ਨੂੰ ਤੇਜ਼ੀ ਨਾਲ ਲਾਗੂ ਕੀਤਾ ਏ।ਸਮੇਂ ਸਿਰ ਜਵਾਬ ਯਕੀਨੀ ਬਣਾਉਣ ਲਈ, ਚੰਡੀਗੜ੍ਹ ਨੇ ਸਾਰੀਆਂ 160 ਪੀ.ਸੀ.ਆਰ ਵੈਨਾਂ ਨੂੰ, GPS ਤਕਨਾਲੋਜੀ ਨਾਲ ਲੈਸ ਕੀਤਾ ਏ। ਜਦੋਂ ਕੋਈ 112 ਡਾਇਲ ਕਰਦਾ ਏ, ਤਾਂ ਸਿਸਟਮ ਤੁਰੰਤ ਨਜ਼ਦੀਕੀ ਪੀ.ਸੀ.ਆਰ ਵੈਨ ਨੂੰ ਕਾਲਰ ਦੀ ਸਥਿਤੀ ਬਾਰੇ ਸੁਚੇਤ ਕਰਦਾ ਏ ਅਤੇ 3 ਤੋਂ 5 ਮਿੰਟ ਦੇ ਅੰਦਰ ਪੁਲਿਸ ਸਹਾਇਤਾ ਨੂੰ ਪਹੁੰਚਣ ਲਈ ਸਮਰੱਥ ਬਣਾਉਂਦਾ ਏ।

-------------------------------------------------------

ਪੰਜਾਬ ਵਿੱਚ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੇ ਅੱਜ, ਦਿੱਲੀ ਵੱਲ ਆਪਣੇ

ਰੋਸ ਮਾਰਚ ਨੂੰ ਮੁਲਤਵੀ ਕਰ ਦਿੱਤਾ। ਇਹ ਉਸ ਵੇਲੇ ਹੋਇਆ ਜਦੋ ਹਰਿਆਣਾ ਪੁਲਿਸ ਵਲੋਂ ਕਿਸਾਨਾਂ ਨੂੰ ਮਨਾ ਕਰਨ ਦੇ ਬਾਵਜੂਦ ਵੀ ਉਹ ਅੱਗੇ ਵਧਣੋਂ ਨਹੀਂ ਹੱਟੇ ਤੇ ਪੁਲਿਸ ਨੂੰ ਹੰਜੂ ਗੈਸ ਦੇ ਗੋਲੇ ਛੱਡਣੇ ਪਏ ,ਜਿਸ ਵਿੱਚ ਕਥਿਤ ਤੌਰ ਤੇ ਕੁਝ ਕਿਸਾਨ ਜ਼ਖਮੀ ਹੋਏ ਦਸੇ ਗਈ ਨੇ। ਇਸ ਦੌਰਾਨ ਇਹ ਜਾਣਕਾਰੀ ਮਿਲੀ ਏ ਕਿ  ਕਿਸਾਨ ਆਗੂ ਆਪਸ 'ਚ ਮੀਟਿੰਗ ਕਰਕੇ ਅਗਲੀ ਕਾਰਵਾਈ ਦਾ ਫੈਸਲਾ ਕਰਨਗੇ।

ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਦੱਸਿਆ ਏ ਕਿ ਇਸ ਤੋਂ ਪਹਿਲਾਂ ਕਿਸਾਨਾਂ ਦੇ ਇੱਕ ਸਮੂਹ ਨੇ, ਅੱਜ ਦੁਪਹਿਰ ਨੂੰ ਦਿੱਲੀ ਵੱਲ ਆਪਣਾ ਪੈਦਲ ਰੋਸ ਮਾਰਚ ਮੁੜ ਸ਼ੁਰੂ ਕੀਤਾ ਪਰ ਦਿੱਲੀ ਜਾਣ ਦੀ ਇਜਾਜ਼ਤ ਨਾ ਮਿਲਣ ਕਾਰਨ, ਹਰਿਆਣਾ ਪੁਲਿਸ ਨੇ ਓਹਨਾਂ ਨੂੰ ਸ਼ੰਭੂ ਬਾਰਡਰ 'ਤੇ ਰੋਕ ਲਿਆ। ਸ਼ੁੱਕਰਵਾਰ ਨੂੰ ਵੀ ਇਨਾ ਕਾਰਨਾਂ ਕਰਕੇ ਕਿਸਾਨਾਂ ਨੂੰ, ਸ਼ੰਭੂ ਸਰਹੱਦ 'ਤੇ ਰੋਕਿਆ ਗਿਆ ਸੀ। ਸ਼ੰਭੂ ਸਰਹੱਦ ਪਹਿਲਾਂ ਹੀ ਸੀਲ ਏ ਅਤੇ ਹਰਿਆਣਾ ਸਰਕਾਰ ਨੇ ਧਾਰਾ 144  ਜਾਂ (ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163) ਤਹਿਤ ਅੰਬਾਲਾ ਵਿੱਚ ਮਨਾਹੀ ਦੇ ਹੁਕਮ ਲਾਗੂ ਕੀਤੇ ਸਨ। ਕਿਸਾਨ ਵੱਖ-ਵੱਖ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ

ਕਰ ਰਹੇ ਨੇ, ਜਿਸ ਵਿੱਚ ਘੱਟੋ-ਘੱਟ ਸਮਰਥਨ ਮੁੱਲ (MSP) ਦੀ ਕਾਨੂੰਨੀ ਗਾਰੰਟੀ, ਕਿਸਾਨ ਕਰਜ਼ਾ ਮੁਆਫ਼ੀ ਸ਼ਾਮਲ ਨੇ. ਇਸ ਦੌਰਾਨ, ਹਰਿਆਣਾ ਪੁਲਿਸ ਵੱਲੋਂ ਪੰਜਾਬ ਪੁਲਿਸ ਨੂੰ ਲਿਖਤੀ ਬੇਨਤੀ ਦੇ ਬਾਅਦ, ਲੋਕ ਸੰਪਰਕ ਵਿਭਾਗ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਗਿਆ ਏ ਕਿ ਮੀਡੀਆ ਨੂੰ ਕਿਸੇ ਵੀ ਸੱਟ ਤੋਂ ਬਚਾਉਣ ਲਈ ਸ਼ੰਭੂ ਸਰਹੱਦ ਤੋਂ ਦੂਰ ਰਖਿਆ ਜਾਵੇ।

---------------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਸੀਮਾ ਸੁਰੱਖਿਆ ਬਲ, ਹਿੰਮਤ, ਬਹਾਦਰੀ ਅਤੇ ਕੁਰਬਾਨੀ ਦੀ ਤਾਕਤ ਨਾਲ 6 ਦਹਾਕਿਆਂ ਤੋਂ ਦੇਸ਼ ਦੀ ਸਰਹੱਦੀ ਸੁਰੱਖਿਆ ਦੀ ਪਹਿਲੀ ਕਤਾਰ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਿਹਾ ਏ।

ਅੱਜ ਜੋਧਪੁਰ ਵਿੱਚ ਸੀਮਾ ਸੁਰੱਖਿਆ ਬਲ ਦੇ 60ਵੇਂ ਸਥਾਪਨਾ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ ਨੇ ਕਿਹਾ ਕਿ ਬੀ.ਐਸ.ਐਫ ਨੇ 1965 ਤੋਂ ਲੈ ਕੇ ਹੁਣ ਤੱਕ, ਪੂਰਬੀ ਅਤੇ ਪੱਛਮੀ ਸਰਹੱਦਾਂ ਨੂੰ ਸੁਰੱਖਿਅਤ ਕਰਨ ਲਈ, ਸ਼ਾਨਦਾਰ ਕੰਮ ਕੀਤਾ ਏ। ਉਨ੍ਹਾਂ

ਕਿਹਾ ਕਿ ਸਰਹੱਦੀ ਸੁਰੱਖਿਆ ਦੇ ਨਾਲ-ਨਾਲ ਬੀ.ਐਸ.ਐਫ ਨੇ ਘੁਸਪੈਠ, ਨਕਲੀ ਨੋਟ, ਖੱਬੇ ਪੱਖੀ ਘੁਸਪੈਠ ਨੂੰ ਰੋਕਣ ਸਮੇਤ ਵੱਖ-ਵੱਖ ਮੋਰਚਿਆਂ ਤੇ ਵਿੱਚ ਕੰਮ ਕੀਤਾ ਏ। ਗ੍ਰਹਿ ਮੰਤਰੀ ਨੇ ਕਿਹਾ ਕਿ ਸਾਡੇ ਦੇਸ਼ ਦੀ ਸਰਹੱਦੀ ਸੁਰੱਖਿਆ ਦੀ ਨੀਤੀ ਕਈ ਸਾਲਾਂ ਤੱਕ ਧੁੰਦਲੀ ਰਹੀ, ਪਰ ਮੋਦੀ ਸਰਕਾਰ ਨੇ ਇਸ 'ਤੇ ਗੰਭੀਰਤਾ ਨਾਲ ਕੰਮ ਕੀਤਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ 'ਚ ਦੇਸ਼ ਦੀ ਸੁਰੱਖਿਆ ਵਿਵਸਥਾ 'ਚ ਵੱਡਾ ਬਦਲਾਅ ਆਇਆ ਏ। ਗ੍ਰਹਿ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਨੇ, ਸਰਹੱਦ 'ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਏ ਅਤੇ ਇਸ ਲਈ ਹਰ ਸਾਲ ਬਜਟ ਵਿੱਚ, ਵਿਸ਼ੇਸ਼ ਵਿਵਸਥਾ ਕੀਤੀ ਏ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ, ਸਰਹੱਦ ’ਤੇ ਸਥਿਤ ਪਿੰਡਾਂ ਲਈ 'ਵਾਈਬ੍ਰੈਂਟ ਵਿਲੇਜ ਸਕੀਮ' ਸ਼ੁਰੂ ਕੀਤੀ ਗਈ ਏ , ਤਾਂ ਜੋ ਸਰਹੱਦੀ ਪਿੰਡਾਂ ਦੇ ਨਾਗਰਿਕਾਂ ਨੂੰ, ਬਣਦਾ ਮਾਣ-ਸਨਮਾਨ, ਰੁਜ਼ਗਾਰ ਅਤੇ ਸਾਰੀਆਂ ਬੁਨਿਆਦੀ ਸਹੂਲਤਾਂ ਮਿਲ ਸਕਣ। ਇਹ ਪ੍ਰੋਗਰਾਮ ਲਗਭਗ 3 ਹਜ਼ਾਰ ਪਿੰਡਾਂ ਵਿੱਚ ਆਜ਼ਮਾਇਸ਼ੀ ਆਧਾਰ 'ਤੇ ਸ਼ੁਰੂ ਕੀਤਾ ਗਿਆ ਏ। ਇਸ ਤੋਂ ਪਹਿਲਾਂ ਗ੍ਰਹਿ ਮੰਤਰੀ ਨੇ

ਪਰੇਡ ਦਾ ਨਿਰੀਖਣ ਕੀਤਾ। ਮੰਤਰੀ ਨੇ ਜਵਾਨਾਂ ਨੂੰ ਸ਼ਾਨਦਾਰ ਸੇਵਾਵਾਂ ਲਈ ਬਹਾਦਰੀ ਪੁਰਸਕਾਰ, ਪੁਲਿਸ ਸੇਵਾ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ।

--------------------------------------------------

ਬੀ.ਐਸ.ਐਫ ਦੀ 117 ਬਟਾਲੀਅਨ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਅੱਜ ਅਜਨਾਲਾ ਦੇ ਬੀ.ਐਸ.ਐਫ ਕੈਂਪਸ ਵਿੱਚ ਕ੍ਰਿਕਟ ਮੈਚ ਕਰਵਾਇਆ ਗਿਆ। ਇਹ ਮੈਚ 117 ਬਟਾਲੀਅਨ ਦੇ ਜਵਾਨਾਂ ਅਤੇ ਸੀਜਨ ਹਸਪਤਾਲ ਦੀ ਟੀਮ ਦੇ ਦਰਮਿਆਨ ਹੋਇਆ ਜਿਸ ਵਿੱਚ ਬਟਾਲੀਅਨ ਦੇ ਜਵਾਨ ਜੇਤੂ ਰਹੇ। ਬੀਐਸਐਫ ਦੇ ਅਧਿਕਾਰੀਆਂ ਵੱਲੋਂ ਜੇਤੂ ਟੀਮ ਨੂੰ ਟਰਾਫ਼ੀ ਦੇਕੇ ਸਨਮਾਨਿਤ ਕੀਤਾ ਗਿਆ। ਡਾਕਟਰ ਜਤਿੰਦਰ ਠਾਕੁਰ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਪ੍ਰਤੀ ਜਾਗਰੂਕ ਹੋਣ।

--------------------------------------------------

ਅੱਜ ਤੋਂ 10 ਦਸੰਬਰ ਤੱਕ ਚਲਾਈ ਜਾ ਰਹੀ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਦੌਰਾਨ, ਜ਼ਿਲ੍ਹਾ ਮੋਗਾ ਵਿੱਚ 5 ਸਾਲ ਤੱਕ ਦੇ 48 ਹਜ਼ਾਰ 126

ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਦੀਆਂ ਬੂੰਦਾ ਪਿਲਾਈਆਂ ਗਈਆਂ। ਮੋਗਾ ਦੇ ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਆ ਕੇ ਪੋਲੀਓ ਬੂਥ ਦਾ ਉਦਘਾਟਨ ਕੀਤਾ। ਇਸ ਮੌਕੇ SMO ਡਾਕਟਰ ਗਗਨਦੀਪ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਅੰਦਰ 9 ਅਤੇ 10 ਨੂੰ ਸਿਹਤ ਵਿਭਾਗ ਦੀਆਂ 588 ਟੀਮਾਂ ਵੱਲੋਂ ਘਰ-ਘਰ ਜਾ ਕੇ ਪੋਲੀਓ ਬੂੰਦਾਂ ਪਿਲਾਈਆਂਜਾਣਗੀਆਂ ਅਤੇ ਇਸ ਕੰਮ ਲਈ ਏ.ਐਨ.ਐਮ., ਆਸ਼ਾ ਵਰਕਰਾਂ, ਆਂਗਣਵਾੜੀ ਵਰਕਰ ਅਤੇ ਹੋਰ ਵਲੰਟੀਅਰ ਸਿਹਤ ਵਿਭਾਗ ਦਾ ਸਹਿਯੋਗ ਕਰਨਗੇ। ਜਿਲਾ ਟੀਕਾਕਰਣ ਅਫ਼ਸਰ ਡਾਕਟਰ ਅਸ਼ੋਕ ਸਿੰਗਲਾ ਨੇ ਦੱਸਿਆ ਕਿ ਇਸ ਪੋਲੀਓ ਖਾਤਮਾ ਮੁਹਿੰਮ ਦੌਰਾਨ ਜ਼ਿਲ੍ਹੇ ਅੰਦਰ ਵੱਖ-ਵੱਖ ਬਲਾਕਾਂ ਅਤੇ ਸ਼ਹਿਰੀ ਖੇਤਰ ਵਿੱਚ ਟੀਮਾਂ ਨੂੰ ਲਾਮਬੰਦ ਕੀਤਾ ਗਿਆ ਏ , ਤਾਂ ਜੋ ਹਰ ਬੱਚੇ ਤੱਕ ਪੋਲੀਓ ਰਹਿਤ ਬੂੰਦਾਂ ਪਹੁੰਚ ਸਕਣ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਬੱਸ ਸਟੈਂਡ, ਰੇਲਵੇ ਸਟੇਸ਼ਨ ਅਤੇ ਹੋਰ ਜਨਤਕ ਥਾਵਾਂ 'ਤੇ 16 ਟਰਾਂਜ਼ਿਟ ਟੀਮਾਂ ਅਤੇ 21 ਮੋਬਾਈਲ ਟੀਮਾ ਵੱਲੋਂ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ ਅਤੇ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ

ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਲਈ ਲੋੜੀਦੀਆਂ ਮੋਬਾਇਲ ਟੀਮਾਂ ਲਗਾਈਆਂ ਗਈਆਂ ਨੇ ।

-----------------------------------------------

ਉਧਰ ਫਰੀਦਕੋਟ ਚ ਵੀ ਬੱਚਿਆਂ ਨੂੰ ਵੱਖ ਵੱਖ ਬੂਥਾਂ ਤੇ ਪੋਲੀਓ ਰੋਕੂ ਦਵਾਈ ਦੀਆਂ ਬੂੰਦਾਂ ਪਿਲਾਈਆਂ ਗਈਆਂ । ਜਿਲਾ ਟੀਕਾਕਰਣ ਅਫਸਰ ਡਾ. ਸਰਵਦੀਪ ਸਿੰਘ ਰੋਮਾਣਾ ਨੇ ਦੱਸਿਆ ਕਿ ਪਲੱਸ ਪੋਲੀਉ ਮੁਹਿੰਮ ਦੌਰਾਨ ਜਿਲਾ ਫਰੀਦਕੋਟ ਵਿੱਚ ਵੈਕਸੀਨ ਦੀਆਂ ਬੂੰਦਾਂ ਪਿਲਾਉਣ ਲਈ 339 ਬੂਥ ਲਗਾਏ ਗਏ ਸਨ । ਉਨ੍ਹਾਂ ਦੱੱਸਿਆ ਕਿ ਫਰੀਦਕੋਟ ਦੇ ਪੰਜ ਸਾਲ ਦੇ ਲਗਭਗ 58 ਹਜ਼ਾਰ 166 ਬੱਚਿਆਂ ਨੂੰ ਪੋਲੀਓ ਵੈਕਸੀਨ ਦੀਆਂ ਬੂੰਦਾਂ ਪਿਲਾਉਣ ਲਈ 548 ਟੀਮਾਂ, ਦਾ ਗਠਨ ਕੀਤਾ ਗਿਆ ।

-----------------------------------------------

ਆਸਟਰੇਲੀਆ ਨੇ ਬਾਰਡਰ-ਗਾਵਸਕਰ ਕ੍ਰਿਕਟ ਟਰਾਫੀ ਦੇ ਦੂਜੇ ਟੈਸਟ ਵਿੱਚ, ਭਾਰਤ ਨੂੰ 10 ਵਿਕਟਾਂ ਨਾਲ ਹਰਾ ਕੇ ਜਿੱਤ ਦਰਜ ਕੀਤੀ ਏ । ਮੇਜ਼ਬਾਨ ਟੀਮ ਨੇ ਭਾਰਤ ਨੂੰ ਦੂਜੀ ਪਾਰੀ 'ਚ 175 ਦੌੜਾਂ 'ਤੇ ਆਊਟ

ਕਰ ਕੇ ਬਿਨਾਂ ਕਿਸੇ ਨੁਕਸਾਨ ਦੇ 19 ਦੌੜਾਂ ਦਾ ਟੀਚਾ ਹਾਸਲ ਕਰ ਲਿਆ। ਅੱਜ ਦੂਜੇ ਟੈਸਟ ਦੇ ਤੀਜੇ ਦਿਨ, 5 ਵਿਕਟਾਂ 'ਤੇ 128 ਦੌੜਾਂ ਤੋਂ ਪਾਰੀ ਸ਼ੁਰੂ ਕਰਦੇ ਹੋਏ, ਭਾਰਤੀ ਟੀਮ ਨੇ 47 ਦੌੜਾਂ 'ਤੇ ਆਖਰੀ ਪੰਜ ਵਿਕਟਾਂ ਗੁਆ ਦਿੱਤੀਆਂ। ਭਾਰਤ ਵੱਲੋਂ ਨਿਤੀਸ਼ ਕੁਮਾਰ ਰੈੱਡੀ ਨੇ, ਸਭ ਤੋਂ ਵੱਧ 42 ਦੌੜਾਂ ਬਣਾਈਆਂ। ਆਸਟ੍ਰੇਲੀਆ ਦੇ ਕਪਤਾਨ ਪੈਟ ਕਮਿੰਸ ਨੇ 5 ਵਿਕਟਾਂ ਲਈਆਂ। ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕਰਨ ਤੋਂ ਬਾਅਦ, ਭਾਰਤੀ ਟੀਮ ਪਹਿਲੀ ਪਾਰੀ 'ਚ 180 ਦੌੜਾਂ 'ਤੇ ਆਲ ਆਊਟ ਹੋ ਗਈ। ਆਸਟਰੇਲੀਆ ਨੇ ਆਪਣੀ ਪਹਿਲੀ ਪਾਰੀ ਵਿੱਚ 337 ਦੌੜਾਂ ਬਣਾਈਆਂ ਅਤੇ 157 ਦੌੜਾਂ ਦੀ ਲੀਡ ਲੈ ਲਈ। ਇਸ ਜਿੱਤ ਨਾਲ ਪੰਜ ਮੈਚਾਂ ਦੀ ਇਹ ਲੜੀ 1-1 ਨਾਲ ਬਰਾਬਰ ਹੋ ਗਈ ਏ।

---

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰਾਜਸਥਾਨ ਅਤੇ ਹਰਿਆਣਾ ਦੇ ਦੌਰੇ 'ਤੇ ਹੋਣਗੇ -ਉਹ ,ਜੈਪੁਰ ਪ੍ਰਦਰਸ਼ਨੀ ਅਤੇ 'ਰਾਈਜ਼ਿੰਗ ਰਾਜਸਥਾਨ' ਆਲਮੀ ਸਿਖਰ ਸੰਮੇਲਨ-2024 ਦਾ ਕਰਨਗੇ ਉਦਘਾਟਨ ।
- ਪੰਜਾਬ ਵਿੱਚ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ, ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ, 21 ਦਸੰਬਰ ਨੂੰ ਹੋਣਗੀਆਂ - ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਹੋਇਆ ਲਾਗੂ।
- ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਦੇ ਅਮਲ ਨਾਲ, ਸਜ਼ਾ ਤੋਂ ਨਿਆਂ ਤੱਕ ਦਾ ਸਫ਼ਰ ਤੈਅ ਕਰਕੇ, ਚੰਡੀਗੜ੍ਹ, ਭਾਰਤ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਪਹਿਲੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਸ਼ੁਮਾਰ ਹੋਇਆ।
- ਆਸਟਰੇਲੀਆ ਨੇ ਬਾਰਡਰ-ਗਾਵਸਕਰ ਕ੍ਰਿਕਟ ਟਰਾਫੀ ਦੇ ਦੂਜੇ ਟੈਸਟ ਵਿੱਚ, ਭਾਰਤ ਨੂੰ 10 ਵਿਕਟਾਂ ਨਾਲ ਹਰਾਇਆ।